# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 13:40

**ਮਿਤੀ :06-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੁਨੀਆ, ਭਾਰਤ ਦੀ ਨੀਤੀ ਗਤੀਸ਼ੀਲਤਾ ਅਤੇ ਸਭ ਤੋਂ ਤੇਜ਼ੀ ਨਾਲ ਵਧ ਰਹੀ ਵੱਡੀ ਆਰਥਿਕਤਾ ਵਜੋਂ ਸ਼ਲਾਘਾ ਕਰ ਰਹੀ ਏ।

- ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਵਿੱਚ, ਜ਼ਹਿਰੀਲੀ ਸ਼ਰਾਬ ਪੀਣ ਨਾਲ ਘਟੋਂ-ਘੱਟ 10 ਲੋਕਾਂ ਦੀ ਮੌਤ ਹੋ ਗਈ ਏ।

- ਬੀਜੇਪੀ ਦੇ ਰਾਜ ਸਭਾ ਮੈਂਬਰ, ਦਿਨੇਸ਼ ਸ਼ਰਮਾ ਨੂੰ ਅੰਡੇਮਾਨ ਅਤੇ ਨਿਕੋਬਾਰ ਦਾ ਉਪ-ਰਾਜਪਾਲ ਨਿਯੁਕਤ ਕੀਤਾ ਗਿਆ ਏ।

- ਨੇਪਾਲ ਵਿੱਚ ਆਏ ਹੜ੍ਹਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ ਇੱਕ ਹਜ਼ਾਰ 344 ਹੋ ਗਈ ਏ। 590 ਵਿਦੇਸ਼ੀ ਨਾਗਰਿਕਾਂ ਸਮੇਤ ਲਗਭਗ 5 ਹਜ਼ਾਰ ਲੋਕ ਹਾਲਾਂ ਵੀ ਲਾਪਤਾ ਨੇ।

- ਚਾਈਨਾ ਮਾਸਟਰਜ਼ ਬੈਡਮਿੰਟਨ ਟੂਰਨਾਮੈਂਟ ਦੇ ਫਾਈਨਲ ਵਿੱਚ, ਅੱਜ ਭਾਰਤ ਦੇ ਸਾਤਵਿਕਸਾਈਰਾਜ ਰੰਕੀਰੈੱਡੀ ਅਤੇ ਚਿਰਾਗ ਸ਼ੈੱਟੀ ਦੀ ਪੁਰਸ਼ ਡਬਲਜ਼ ਜੋੜੀ ਦਾ ਮੁਕਾਬਲਾ ਚੀਨ ਦੀ ਜੋੜੀ ਨਾਲ ਹੋਵੇਗਾ।

### *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੁਨੀਆ, ਭਾਰਤ ਦੀ ਨੀਤੀ ਗਤੀਸ਼ੀਲਤਾ ਅਤੇ ਸਭ ਤੋਂ ਤੇਜ਼ੀ ਨਾਲ ਵਧ ਰਹੀ ਵੱਡੀ ਆਰਥਿਕਤਾ ਵਜੋਂ ਸ਼ਲਾਘਾ ਕਰ ਰਹੀ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਜੰਗ ਅਤੇ ਵਿਸ਼ਵ ਵਪਾਰਕ ਰੁਕਾਵਟਾਂ ਦੇ ਬਾਵਜੂਦ 7.8 ਫੀਸਦੀ ਦੀ ਤਿਮਾਹੀ ਵਿਕਾਸ ਦਰ ਹਾਸਲ ਕਰਨਾ ਭਾਰਤ ਦੀ ਅੰਦਰੂਨੀ ਸਮਰੱਥਾ ਨੂੰ ਦਰਸਾਉਂਦਾ ਏ।

**BYTE: PM ECONOMY**

ਕੱਲ੍ਹ ਦਿੱਲੀ ਯੂਨੀਵਰਸਿਟੀ ਦੇ ਸ਼੍ਰੀ ਰਾਮ ਕਾਲਜ ਆਫ਼ Commerce ਦੇ ਸ਼ਤਾਬਦੀ ਸਮਾਰੋਹ ਵਿੱਚ ਬੋਲਦਿਆਂ,ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨੌਜਵਾਨਾਂ ਨੂੰ ਵੱਡੇ ਸੁਪਨੇ ਦੇਖਣ ਅਤੇ ਲੇਖਾ, ਵਿੱਤ, ਕਾਨੂੰਨ ਤੇ Consulting ਨਾਲ ਜੁੜੀਆਂ ਅਜਿਹੀਆਂ ਸੰਸਥਾਵਾਂ ਬਣਾਉਣ ਦੀ ਅਪੀਲ ਕੀਤੀ ਏ, ਜੋ ਦੁਨੀਆ ਦੀ ਅਗਵਾਈ ਕਰਨ ਦੇ ਸਮਰੱਥ ਹੋਣ। ਉਨ੍ਹਾਂ ਕਿਹਾ ਕਿ ਅੱਜ ਭਾਰਤੀ ਮੂਲ ਦੇ ਬਹੁਤ ਸਾਰੇ ਲੋਕ, ਦੁਨੀਆ ਦੀਆਂ ਚੋਟੀ ਦੀਆਂ ਕੰਪਨੀਆਂ ਦੀ ਅਗਵਾਈ ਕਰ ਰਹੇ ਨੇ ਅਤੇ ਭਾਰਤੀਆਂ ਵੱਲੋਂ ਸਥਾਪਿਤ ਕੰਪਨੀਆਂ ਵੀ ਦੁਨੀਆ ਦੀ ਅਗਵਾਈ ਕਰ ਸਕਦੀਆਂ ਨੇ।

**BYTE: PM INDIA GLOBAL**

ਉਨ੍ਹਾਂ ਕਿਹਾ ਕਿ ਭਾਰਤ ਨੇ ਨੀਤੀਗਤ ਮਾਮਲਿਆਂ ਵਿੱਚ ਖੜੋਤ ਤੋਂ ਗਤੀਸ਼ੀਲਤਾ ਤੱਕ ਇੱਕ ਲੰਮਾ ਸਫ਼ਰ ਤੈਅ ਕੀਤਾ ਏ, ਅਤੇ ਦੁਨੀਆ ਦੇਖ ਰਹੀ ਏ ਕਿ ਭਾਰਤ ਆਰਥਿਕ ਤੌਰ 'ਤੇ ਸਭ ਤੋਂ ਤੇਜ਼ੀ ਨਾਲ ਆਰਥਿਕ ਤਰੱਕੀ ਕਰ ਰਿਹਾ ਦੇਸ਼ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦਹਿਸ਼ਤਗਰਦੀ ਨੂੰ ਹਰਾਇਆ ਗਿਆ ਏ ਤੇ ਆਤਮਵਿਸ਼ਵਾਸ ਨਾਲ ਭਰੇ ਹਥਿਆਰਬੰਦ ਬਲ, ਦੁਸ਼ਮਣ ਦੇ ਗੜ੍ਹ 'ਤੇ ਹਮਲਾ ਕਰ ਰਹੇ ਨੇ। ਉਨ੍ਹਾਂ ਨੇ ਕਿਹਾ ਕਿ ਜੰਮੂ-ਕਸ਼ਮੀਰ ਤੋਂ ਉੱਤਰ-ਪੂਰਬ ਤੱਕ ਸ਼ਾਂਤੀ ਬਹਾਲ ਕੀਤੀ ਗਈ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਅਪ੍ਰੈਲ ਅਤੇ ਜੂਨ ਦਰਮਿਆਨ ਬਿਜਲੀ ਉਤਪਾਦਨ ਵਿੱਚ 9 ਫ਼ੀਸਦੀ ਦਾ ਵਾਧਾ ਹੋਇਆ ਏ। ਉਨ੍ਹਾਂ ਕਿਹਾ ਕਿ

ਇਸ ਸਮੇਂ ਦੌਰਾਨ ਵਾਹਨਾਂ ਦੀ ਵਿਕਰੀ ਵਿੱਚ 20 ਫ਼ੀਸਦੀ ਤੋਂ ਵੱਧ ਦਾ ਵਾਧਾ ਹੋਇਆ ਏ, ਜਿਸਦਾ ਮੁੱਖ ਕਾਰਨ ਦੋਪਹੀਆ ਵਾਹਨਾਂ ਵਿੱਚ 20 ਫ਼ੀਸਦੀ ਵਾਧਾ ਅਤੇ ਤਿੰਨ ਪਹੀਆ ਵਾਹਨਾਂ ਵਿੱਚ ਲਗਭਗ 30 ਫ਼ੀਸਦੀ ਵਾਧਾ ਏ। ਉਨ੍ਹਾਂ ਇਹ ਵੀ ਕਿਹਾ ਕਿ ਸਮਾਰਟਫੋਨ ਦੀ ਬਰਾਮਦ ਹੁਣ 25 ਲੱਖ ਕਰੋੜ ਰੁਪਏ ਤੋਂ ਵੱਧ ਏ ਅਤੇ ਘਰੇਲੂ ਰੱਖਿਆ ਉਤਪਾਦਨ ਲਗਭਗ 2 ਲੱਖ ਕਰੋੜ ਰੁਪਏ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਿਆ ਏ। ਸ਼੍ਰੀ ਮੋਦੀ ਨੇ ਕਿਹਾ ਕਿ 140 ਕਰੋੜ ਭਾਰਤੀ ਮਿਲ ਕੇ ਭਾਰਤ ਨੂੰ ਵਿਕਸਤ ਅਤੇ ਆਤਮ-ਨਿਰਭਰ ਬਣਾਉਣਗੇ।

**BYTE: PM VIKSIT BHARAT**

ਇਸ ਮੌਕੇ ਬੋਲਦਿਆਂ, ਸਿੱਖਿਆ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ, ਭਾਰਤ ਹੁਣ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਏ। ਉਨ੍ਹਾਂ ਅੱਗੇ ਕਿਹਾ ਕਿ ਵਿਸ਼ਵ ਬਾਜ਼ਾਰ ਨੂੰ ਹੁਨਰਮੰਦ ਲੋਕਾਂ ਦੀ ਲੋੜ ਏ, ਅਤੇ ਇਹ ਨੌਜਵਾਨਾਂ ਲਈ ਇੱਕ ਮੌਕਾ ਏ।

---------------------------------------------------------

ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ 10 ਲੋਕਾਂ ਦੀ ਮੌਤ ਹੋ ਗਈ ਏ। 35 ਤੋਂ ਵੱਧ ਲੋਕਾਂ ਦਾ ਹਸਪਤਾਲ ਵਿੱਚ ਇਲਾਜ ਚਲ ਰਿਹਾ ਏ। ਸਾਗਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਪ੍ਰਤਿਭਾ ਪਾਲ ਨੇ

ਇਨ੍ਹਾਂ ਮੌਤਾਂ ਦੀ ਪੁਸ਼ਟੀ ਕੀਤੀ ਏ। ਲਗਭਗ 35 ਲੋਕਾਂ ਨੂੰ ਹਸਪਤਾਲਾਂ ਵਿੱਚ ਲਿਆਂਦਾ ਗਿਆ ਸੀ, ਜਿਨ੍ਹਾਂ ਵਿੱਚੋਂ ਕੁਝ ਦੀ ਹਾਲਤ ਅਜੇ ਵੀ ਨਾਜ਼ੁਕ ਬਣੀ ਹੋਈ ਏ। ਗੰਭੀਰ ਮਰੀਜ਼ਾਂ ਨੂੰ ਬੁੰਦੇਲਖੰਡ ਮੈਡੀਕਲ ਕਾਲਜ ਅਤੇ ਸਾਗਰ ਜ਼ਿਲ੍ਹਾ ਹਸਪਤਾਲ ਵਿੱਚ ਤਬਦੀਲ ਕਰ ਦਿੱਤਾ ਗਿਆ ਏ। ਇਹ ਮਾਮਲਾ ਬਾਂਦਾ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਨੌਰੋਜਾ ਅਤੇ ਘੁਘਰਾ ਖੁਰਦ ਤੋਂ ਸਾਹਮਣੇ ਆਇਆ ਏ। ਘਟਨਾ ਤੋਂ ਬਾਅਦ ਪੁਲਿਸ ਅਤੇ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਸਾਗਰ ਦੇ ਐਸ.ਪੀ. ਸਮੇਤ ਸੀਨੀਅਰ ਅਧਿਕਾਰੀਆਂ ਨੇ ਘਟਨਾ ਵਾਲੀ ਥਾਂ ਦਾ ਜਾਇਜ਼ਾ ਲਿਆ। ਪੁਲਿਸ ਸ਼ਰਾਬ ਦੇ ਸਰੋਤ ਅਤੇ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਏ।

---------------------------------------------------------

ਬੀਜੇਪੀ ਦੇ ਰਾਜ ਸਭਾ ਮੈਂਬਰ ਦਿਨੇਸ਼ ਸ਼ਰਮਾ ਨੂੰ ਅੰਡੇਮਾਨ ਅਤੇ ਨਿਕੋਬਾਰ ਦਾ ਉਪ-ਰਾਜਪਾਲ ਨਿਯੁਕਤ ਕੀਤਾ ਗਿਆ ਏ। ਡਾ. ਸ਼ਰਮਾ, ਸੇਵਾ-ਮੁਕਤ ਐਡਮਿਰਲ, ਡੀ. ਕੇ. ਜੋਸ਼ੀ ਦੀ ਥਾਂ ਲੈਣਗੇ, ਜਿਨ੍ਹਾਂ ਨੇ 8 ਅਕਤੂਬਰ 2017 ਨੂੰ ਅੰਡੇਮਾਨ ਅਤੇ ਨਿਕੋਬਾਰ ਦੇ ਉਪ-ਰਾਜਪਾਲ ਵਜੋਂ ਅਹੁਦਾ ਸੰਭਾਲਿਆ ਸੀ। 62 ਸਾਲਾ ਡਾ. ਸ਼ਰਮਾ ਇਸ ਤੋਂ ਪਹਿਲਾਂ ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਵਜੋਂ ਸੇਵਾ ਨਿਭਾ ਚੁੱਕੇ ਨੇ। ਉਨ੍ਹਾਂ ਦਾ ਰਾਜ ਸਭਾ ਦਾ ਕਾਰਜਕਾਲ, 25 ਨਵੰਬਰ ਨੂੰ ਖਤਮ ਹੋਣਾ ਸੀ। ਬੀਤੀ

ਦੇਰ ਰਾਤ ਜਾਰੀ ਰਾਸ਼ਟਰਪਤੀ ਭਵਨ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਡਾ. ਸ਼ਰਮਾ ਦੀ ਨਿਯੁਕਤੀ ਉਸ ਤਰੀਕ ਤੋਂ ਲਾਗੂ ਹੋਵੇਗੀ ਜਦੋਂ ਉਹ ਆਪਣਾ ਅਹੁਦਾ ਸੰਭਾਲਣਗੇ।

---------------------------------------------------

ਨੇਪਾਲ ਵਿੱਚ ਆਏ ਤਬਾਹਕੁੰਨ ਹੜ੍ਹਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ 1,344 ਹੋ ਗਈ ਏ। 590 ਵਿਦੇਸ਼ੀ ਨਾਗਰਿਕਾਂ ਸਮੇਤ ਲਗਭਗ 5,000 ਲੋਕ ਅਜੇ ਵੀ ਲਾਪਤਾ ਨੇ। ਹੁਣ ਤੱਕ 13,100 ਤੋਂ ਵੱਧ ਲੋਕਾਂ ਨੂੰ ਬਚਾਇਆ ਗਿਆ ਏ। ਨੁਵਾਕੋਟ ਜ਼ਿਲ੍ਹੇ ਵਿੱਚ 10 ਦਿਨਾਂ ਤੱਕ ਚਿੱਕੜ ਅਤੇ ਮਲਬੇ ਹੇਠ ਦੱਬੀ ਰਹਿਣ ਤੋਂ ਬਾਅਦ, ਇੱਕ 60 ਸਾਲਾ ਔਰਤ ਨੂੰ ਬਚਾਇਆ ਗਿਆ ਏ। ਮ੍ਰਿਤਕਾਂ ਦੀ ਪਛਾਣ ਕਰਨ ਲਈ, ਕਈ ਮਾਮਲਿਆਂ ਵਿੱਚ ਡੀ.ਐਨ.ਏ ਟੈਸਟਿੰਗ ਦੀ ਵਰਤੋਂ ਕੀਤੀ ਜਾ ਰਹੀ ਏ। ਨੇਪਾਲ ਪੁਲਿਸ ਦੀ ਵੈੱਬਸਾਈਟ 'ਤੇ 1,270 ਅਣਪਛਾਤੀਆਂ ਲਾਸ਼ਾਂ ਦੇ ਵੇਰਵੇ ਵੀ ਪ੍ਰਕਾਸ਼ਿਤ ਕੀਤੇ ਗਏ ਨੇ, ਤਾਂ ਜੋ ਲੋਕਾਂ ਨੂੰ ਉਨ੍ਹਾਂ ਦੇ ਰਿਸ਼ਤੇਦਾਰਾਂ ਦੀ ਪਛਾਣ ਕਰਨ ਵਿੱਚ ਮਦਦ ਮਿਲ ਸਕੇ। ਪ੍ਰਭਾਵਿਤ ਇਲਾਕਿਆਂ ਵਿੱਚ ਬਚਾਅ ਅਤੇ ਰਾਹਤ ਸਮੱਗਰੀ ਦੀ ਵੰਡ, ਲਾਸ਼ਾਂ ਦੇ ਪ੍ਰਬੰਧਨ ਅਤੇ ਸੜਕਾਂ ਸਾਫ਼ ਕਰਨ ਲਈ, ਲਗਭਗ 7,912 ਪੁਲਿਸ ਕਰਮਚਾਰੀ ਤਾਇਨਾਤ ਨੇ। 26 ਅਗਸਤ ਨੂੰ, ਨੇਪਾਲ-ਤਿੱਬਤ ਸਰਹੱਦ ਦੇ ਨੇੜੇ ਬਰਫ਼ ਦੇ ਤੋਦੇ

ਡਿੱਗਣ ਕਾਰਨ, ਉੱਤਰੀ ਅਤੇ ਕੇਂਦਰੀ ਨੇਪਾਲ ਵਿੱਚ, ਆਏ ਹੜ੍ਹਾਂ ਕਾਰਨ ਭਾਰੀ ਤਬਾਹੀ ਮਚੀ ਸੀ।

---

ਉੱਤਰ ਪ੍ਰਦੇਸ਼ ਵਿੱਚ ਭਾਰੀ ਬਾਰਿਸ਼ ਅਤੇ ਬੱਨਾਂ ਤੋਂ ਪਾਣੀ ਛੱਡੇ ਜਾਣ ਕਾਰਨ, ਰਾਜ ਦੇ 24 ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਨੇ। ਮੁੱਖ ਮੰਤਰੀ ਯੋਗੀ ਆਦਿੱਤਿਆਨਾਥ, ਹੜ੍ਹ ਦੀ ਸਥਿਤੀ ਅਤੇ ਰਾਹਤ ਅਤੇ ਬਚਾਅ ਕਾਰਜਾਂ ਦੀ ਸਮੀਖਿਆ ਕਰਨ ਲਈ ਚਿੱਤਰਕੂਟ ਜ਼ਿਲ੍ਹੇ ਵਿੱਚ ਨੇ।

ਰਾਜ ਵਿੱਚ ਕਈ ਦਰਿਆਵਾਂ ਵਿੱਚ ਅਜੇ ਵੀ ਪਾਣੀ ਦਾ ਪੱਧਰ ਚੜ੍ਹਿਆ ਹੋਇਆ ਏ। ਗੰਗਾ ਨਦੀ ਬਦਾਯੂੰ, ਗਾਜ਼ੀਪੁਰ ਅਤੇ ਬਲੀਆ ਵਿੱਚ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਗ ਰਹੀ ਏ।

---

ਝਾਰਖੰਡ ਸਰਕਾਰ ਦੇ ਸ਼ਹਿਰੀ ਵਿਕਾਸ ਮੰਤਰੀ ਸੁਦਿਵਯ ਕੁਮਾਰ ਸੋਨੂੰ ਦਾ ਗਿਰੀਡੀਹ ਦੇ ਇੱਕ ਹਸਪਤਾਲ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ ਏ। ਉਨ੍ਹਾਂ ਨੂੰ ਬੀਤੀ ਦੇਰ ਰਾਤ ਸਿਹਤ ਵਿਗੜਨ ਤੋਂ ਬਾਅਦ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਜਿੱਥੇ ਅੱਜ ਸਵੇਰੇ ਉਨ੍ਹਾਂ ਦੀ ਮੌਤ ਹੋ ਗਈ।

---

ਸੁਪਰੀਮ ਕੋਰਟ Collegium ਦੀ ਸਿਫ਼ਾਰਸ਼ ਤੋਂ ਬਾਅਦ, ਅੱਠ ਹਾਈ ਕੋਰਟਾਂ ਵਿੱਚ ਨਵੇਂ ਚੀਫ਼ ਜਸਟਿਸ ਨਿਯੁਕਤ ਕੀਤੇ ਗਏ ਨੇ। ਸੋਸ਼ਲ ਮੀਡੀਆ-ਐਕਸ 'ਤੇ ਇੱਕ ਪੋਸਟ ਵਿੱਚ, ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਕਿ ਦਿੱਲੀ ਹਾਈ ਕੋਰਟ ਦੇ ਮੌਜੂਦਾ ਜੱਜ, ਵੱਲੂਰੀ ਕਾਮੇਸ਼ਵਰ ਰਾਓ ਨੂੰ ਪਟਨਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਏ। ਬੰਬੇ ਹਾਈ ਕੋਰਟ ਦੇ ਜੱਜ, ਰਵਿੰਦਰ ਵੀ. ਘੁੱਗੇ ਕਲਕੱਤਾ ਹਾਈ ਕੋਰਟ ਦੇ ਚੀਫ਼ ਜਸਟਿਸ ਹੋਣਗੇ।

ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਅਦਾਲਤ ਦਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਏ।

ਜਸਟਿਸ ਕ੍ਰਿਸ਼ਨ ਰਾਮ ਮਹਾਪਾਤਰਾ, ਛੱਤੀਸਗੜ੍ਹ ਹਾਈ ਕੋਰਟ ਦੇ ਅਤੇ ਸੰਜੇ ਕੁਮਾਰ ਅਗਰਵਾਲ, ਰਾਜਸਥਾਨ ਹਾਈ ਕੋਰਟ ਦੇ ਚੀਫ਼ ਜਸਟਿਸ ਹੋਣਗੇ।

ਅਲਪੇਸ਼ ਯਸ਼ਵੰਤ ਕੋਗਜੇ ਨੂੰ, ਮੱਧ ਪ੍ਰਦੇਸ਼ ਹਾਈ ਕੋਰਟ ਅਤੇ ਪੁਸ਼ਪੇਂਦਰ ਸਿੰਘ ਭਾਟੀ, ਜੰਮੂ-ਕਸ਼ਮੀਰ ਅਤੇ ਲੱਦਾਖ ਹਾਈ ਕੋਰਟ ਤੇ ਜਸਟਿਸ ਮਹੇਸ਼ ਚੰਦਰ ਤ੍ਰਿਪਾਠੀ ਨੂੰ ਬੰਬੇ ਹਾਈ ਕੋਰਟ ਦਾ ਚੀਫ਼ ਜਸਟਿਸ ਬਣਾਇਆ ਗਿਆ ਏ।

---

ਮਿਸਰ ਦੀ ਇੱਕ ਅਦਾਲਤ ਨੇ ਟੀ.ਵੀ ਐਂਕਰ ਸਾਰਾਹ ਖਲੀਫਾ ਸਮੇਤ 12 ਲੋਕਾਂ ਨੂੰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋਸ਼ ਵਿੱਚ ਮੌਤ ਦੀ ਸਜ਼ਾ ਸੁਣਾਈ ਏ। ਸਾਰੇ ਦੋਸ਼ੀਆਂ ਨੂੰ ਫਾਂਸੀ ਦੇਣ ਦਾ ਹੁਕਮ ਦਿੱਤਾ ਗਿਆ ਏ। ਅਦਾਲਤ ਨੇ ਮੰਨਿਆ ਕਿ ਦੋਸ਼ੀ ਇੱਕ ਅਪਰਾਧੀ ਗਿਰੋਹ ਚਲਾ ਰਹੇ ਸਨ, ਜੋ ਨਸ਼ੀਲੇ ਪਦਾਰਥ ਬਣਾਉਣ ਅਤੇ ਵਿਕਰੀ ਲਈ, ਕੱਚਾ ਮਾਲ ਦਰਾਮਦ ਕਰਦਾ ਸੀ। ਦੋਸ਼ੀਆਂ ਕੋਲ, ਗੈਰ-ਕਾਨੂੰਨੀ ਹਥਿਆਰ ਵੀ ਪਾਏ ਗਏ। ਸਾਰਾਹ ਖਲੀਫਾ ਨੇ ਆਪਣੇ ਖਿਲਾਫ ਸਾਰੇ ਦੋਸ਼ਾਂ ਤੋਂ ਇਨਕਾਰ ਕੀਤਾ ਏ।

-----------------------------------------------

ਚਾਈਨਾ ਮਾਸਟਰਜ਼ ਬੈਡਮਿੰਟਨ ਟੂਰਨਾਮੈਂਟ ਦੇ ਫਾਈਨਲ ਵਿੱਚ ਅੱਜ ਭਾਰਤ ਦੇ ਸਾਤਵਿਕਸਾਈਰਾਜ ਰੰਕੀਰੈੱਡੀ ਅਤੇ ਚਿਰਾਗ ਸ਼ੈੱਟੀ ਦੀ ਪੁਰਸ਼ ਡਬਲਜ਼ ਜੋੜੀ ਦਾ ਮੁਕਾਬਲਾ ਚੀਨ ਦੇ ਹੀ ਜੀ ਟਿੰਗ ਅਤੇ ਰੇਨ ਜ਼ਿਆਂਗ ਯੂ ਨਾਲ ਹੋਵੇਗਾ। ਇਹ ਮੈਚ ਦੁਪਹਿਰ ਬਾਅਦ ਕਰੀਬ 1 ਵੱਜ ਕੇ 50 ਮਿੰਟ 'ਤੇ ਸ਼ੁਰੂ ਹੋਵੇਗਾ।

ਪਹਿਲਾਂ ਕੱਲ੍ਹ ਸੈਮੀਫਾਈਨਲ ਵਿੱਚ, ਭਾਰਤੀ ਜੋੜੀ, ਮਲੇਸ਼ੀਆ ਦੇ ਨੂਰ ਮੁਹੰਮਦ ਅਜ਼ਰੀਅਨ ਅਯੂਬ ਅਤੇ ਟੈਨ ਵੀ ਕਿਓਂਗ ਨੂੰ 21-15, 18-21, 21-11 ਨਾਲ ਹਰਾ ਕੇ, ਤੀਜੀ ਵਾਰ ਚਾਈਨਾ ਮਾਸਟਰਜ਼ ਦੇ ਫਾਈਨਲ ਵਿੱਚ ਪਹੁੰਚੀ ਸੀ।

-----------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੁਨੀਆ, ਭਾਰਤ ਦੀ ਨੀਤੀ ਗਤੀਸ਼ੀਲਤਾ ਅਤੇ ਸਭ ਤੋਂ ਤੇਜ਼ੀ ਨਾਲ ਵਧ ਰਹੀ ਵੱਡੀ ਆਰਥਿਕਤਾ ਵਜੋਂ ਸ਼ਲਾਘਾ ਕਰ ਰਹੀ ਏ।

- ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਵਿੱਚ, ਜ਼ਹਿਰੀਲੀ ਸ਼ਰਾਬ ਪੀਣ ਨਾਲ ਘਟੋਂ-ਘੱਟ 10 ਲੋਕਾਂ ਦੀ ਮੌਤ ਹੋ ਗਈ ਏ।

- ਬੀਜੇਪੀ ਦੇ ਰਾਜ ਸਭਾ ਮੈਂਬਰ, ਦਿਨੇਸ਼ ਸ਼ਰਮਾ ਨੂੰ ਅੰਡੇਮਾਨ ਅਤੇ ਨਿਕੋਬਾਰ ਦਾ ਉਪ-ਰਾਜਪਾਲ ਨਿਯੁਕਤ ਕੀਤਾ ਗਿਆ ਏ।

- - ਨੇਪਾਲ ਵਿੱਚ ਆਏ ਹੜ੍ਹਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ ਇੱਕ ਹਜ਼ਾਰ 344 ਹੋ ਗਈ ਏ। 590 ਵਿਦੇਸ਼ੀ ਨਾਗਰਿਕਾਂ ਸਮੇਤ ਲਗਭਗ 5 ਹਜ਼ਾਰ ਲੋਕ ਹਾਲਾਂ ਵੀ ਲਾਪਤਾ ਨੇ।

- ਚਾਈਨਾ ਮਾਸਟਰਜ਼ ਬੈਡਮਿੰਟਨ ਟੂਰਨਾਮੈਂਟ ਦੇ ਫਾਈਨਲ ਵਿੱਚ, ਅੱਜ ਭਾਰਤ ਦੇ ਸਾਤਵਿਕਸਾਈਰਾਜ ਰੰਕੀਰੈੱਡੀ ਅਤੇ ਚਿਰਾਗ ਸ਼ੈੱਟੀ ਦੀ ਪੁਰਸ਼ ਡਬਲਜ਼ ਜੋੜੀ ਦਾ ਮੁਕਾਬਲਾ ਚੀਨ ਦੀ ਜੋੜੀ ਨਾਲ ਹੋਵੇਗਾ।

-----------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**